Khalsa School Calgary
"Preserving the Past... Preparing for the Future"

ਖਾਲਸਾ ਸਕੂਲ ਕੈਲਗਰੀ
"ਪ੍ਰਜ਼ਰਵਿੰਗ ਦ ਪਾਸਟ... ਪਰਪੇਅਰਿੰਗ ਫਾਰ ਦ ਫਿਊਚਰ"

## ਸਤਿਗੁਰ ਨਾਨਕ ਪ੍ਰਗਟਿਆ ਮਿਟੀ ਧੁੰਧ ਜਗਿ ਚਾਨਣੁ ਹੋਆ ||

ਖ਼ਾਲਸਾ ਸਕੂਲ ਕੈਲਗਰੀ ਵਲੋਂ ਪਹਿਲੀ ਪਾਤਸ਼ਾਹੀ ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਦਿਨ ਸ਼ੁਕਰਵਾਰ, 22 ਨਵੰਬਰ ਨੂੰ ਖ਼ਾਲਸਾ ਸਕੂਲ ਵਿਖੇ ਬਹੁਤ ਹੀ ਸ਼ਰਧਾ ਨਾਲ ਮਨਾਇਆ ਗਿਆ। ਅਸੀਂ ਖ਼ਾਲਸਾ ਸਕੂਲ ਦੇ ਬੱਚਿਆਂ ਦਾ ਬਹੁਤ - ਬਹੁਤ ਧੰਨਵਾਦ ਕਰਦੇ ਹਾਂ ਜਿਨ੍ਹਾਂ ਨੇ ਪਿਆਰ, ਸ਼ਰਧਾ ਅਤੇ ਸਤਿਕਾਰ ਨਾਲ ਗੁਰੂ ਜੀ ਦੇ ਜੀਵਨ ਬਾਰੇ ਕਵਿਤਾਵਾਂ ਪੜ੍ਹੀਆਂ, ਸਾਖੀਆਂ ਸੁਣਾਈਆਂ ਅਤੇ ਕੀਰਤਨ ਕੀਤਾ। ਅਸੀਂ ਮਾਪਿਆਂ, ਬੋਰਡ ਮੈਂਬਰਾਂ ਅਤੇ ਅਧਿਆਪਕਾਂ ਦਾ ਬਹੁਤ - ਬਹੁਤ ਧੰਨਵਾਦ ਕਰਦੇ ਹਾਂ ਜਿਨ੍ਹਾਂ ਨੇ ਇਸ ਗੁਰਪੁਰਬ ਨੂੰ ਮਨਾਉਣ ਵਿੱਚ ਆਪਣਾ ਯੋਗਦਾਨ ਪਾਇਆ।

## ਨਿੱਕੀਆਂ ਜਿੰਦਾਂ ਵੱਡਾ ਸਾਕਾ

ਖ਼ਾਲਸਾ ਸਕੂਲ ਵਲੋਂ ਸਾਹਿਬਜ਼ਾਦਿਆਂ ਦਾ ਸ਼ਹੀਦੀ ਦਿਹਾੜਾ ਦਿਨ ਬੁੱਧਵਾਰ, 11 ਦਸੰਬਰ, 2024 ਨੂੰ ਮਨਾਇਆ ਜਾ ਰਿਹਾ ਹੈ। ਇਸ ਦਿਨ ਬੱਚਿਆਂ ਵਲੋਂ ਕੀਰਤਨ ਕੀਤਾ ਜਾਵੇਗਾ ਅਤੇ ਸਾਹਿਬਜ਼ਾਦਿਆਂ ਨੂੰ ਸਮਰਪਿਤ ਸਾਖੀਆਂ ਅਤੇ ਕਵਿਤਾਵਾਂ ਸੁਣਾਈਆਂ ਜਾਣਗੀਆਂ। ਇਸ ਦਿਨ ਦੀ ਅਸੈਂਬਲੀ ਦੀ ਵੀਡੀਓ ਸਕੂਲ ਦੁਆਰਾ ਜ਼ੂਮ ਲਿੰਕ ਰਾਹੀਂ ਸਾਰੇ ਮਾਪਿਆਂ ਨੂੰ ਭੇਜੀ ਜਾਵੇਗੀ।

## ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਅਤੇ ਨਵੇਂ ਸਾਲ ਦੀ ਵਧਾਈ

ਆਪ ਸਭ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਆਗਮਨ ਪੁਰਬ ਦੀਆਂ ਬਹੁਤ ਬਹੁਤ ਵਧਾਈਆਂ!
ਖ਼ਾਲਸਾ ਸਕੂਲ ਕੈਲਗਰੀ ਦੇ ਬੋਰਡ ਮੈਂਬਰ, ਸਟਾਫ਼, ਪ੍ਰਬੰਧਕਾਂ, ਵਿਦਿਆਰਥੀਆਂ ਅਤੇ ਮਾਪਿਆਂ ਵਲੋਂ ਆਪ ਸਭ ਨੂੰ ਨਵੇਂ ਵਰ੍ਹੇ 2025 ਦੀਆਂ ਬਹੁਤ ਬਹੁਤ ਵਧਾਈਆਂ। ਪਰਮਾਤਮਾ ਅੱਗੇ ਅਰਦਾਸ ਹੈ ਕੇ ਇਹ ਸਾਲ ਆਪ ਸਭ ਲਈ ਤੰਦਰੁਸਤੀ ਅਤੇ ਖੁਸ਼ੀਆਂ ਲੈ ਕੇ ਆਵੇ।



